# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ

## ਪੰਜਾਬ ਸਰਕਾਰ ਵੱਲੋਂ ਪਾਬੰਦੀ ਸ਼ੁਦਾ ਪਲਾਸਟਿਕ ਲਿਫਾਫੇ ਵੇਚਣ ਅਤੇ ਵਰਤੋਂ ਕਰਨ ਵਾਲੇ ਦੁਕਾਨਦਾਰਾਂ ਦੇ ਪਲਾਸਟਿਕ ਲਿਫਾਫੇ ਕਬਜੇ ਵਿੱਚ ਲਏ...ਕਾਰਜ ਸਾਧਕ ਅਫਸਰ

ਹੁਸ਼ਿਆਰਪੁਰ 7 ਜੁਲਾਈ ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪਲਾਸਟਿਕ ਦੇ ਲਿਫਾਫੇ ਵੇਚਣ ਅਤੇ ਵਰਤੋਂ ਕਰਨ ਤੇ ਲਗਾਈ ਗਈ ਪਾਬੰਦੀ ਦੇ ਹੁਕਮਾਂ ਨੂੰ ਲਾਗੂ ਕਰਵਾਉਣ ਲਈ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਐਸ.ਡੀ.ਓ. ਪੂਜਾ ਸ਼ਰਮਾ ਅਤੇ ਨਗਰ ਨਿਗਮ ਦੇ ਸੁਪਰਡੈਂਟ ਸੁਆਮੀ ਸਿੰਘ ਦੀ ਅਗਵਾਈ ਹੇਠ ਇੰਸਪੈਕਟਰ ਸੁਰਜੀਤ ਬਹਿਲ, ਕੁਲਵਿੰਦਰ ਸਿੰਘ ਅਤੇ ਸੰਨੀ ਨੇ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ, ਬੱਸ ਸਟੈਂਡ, ਪੁਰਾਣੀ ਸਬਜੀ ਮੰਡੀ, ਅਫ਼ਗਾਨ ਰੋਡ, ਜਲੰਧਰ ਰੋਡ, ਘੰਟਾ ਘਰ ਅਤੇ ਕਣਕ ਮੰਡੀ ਦੇ ਆਲੇ-ਦੁਆਲੇ ਵੱਖ-ਵੱਖ ਦੁਕਾਨਾਂ ਤੇ ਜਾ ਕੇ ਪਲਾਸਟਿਕ ਲਿਫਾਫਿਆਂ ਦੀ ਚੈਕਿੰਗ ਕੀਤੀ ਅਤੇ ਪਾਬੰਦੀ ਸ਼ੁਦਾ ਪਲਾਸਟਿਕ ਲਿਫਾਫੇ ਕਬਜੇ ਵਿੱਚ ਲਏ।

ਕਾਰਜ ਸਾਧਕ ਨੇ ਹੋਰ ਦੱਸਿਆ ਕਿ ਰਾਜ ਵਿਚ ਪਲਾਸਟਿਕ ਕੈਰੀ ਬੈਗ ਵੇਚਣ ਅਤੇ ਸਟਾਕ ਕਰਨ ਤੇ ਪਾਬੰਦੀ ਲਗਾਈ ਗਈ ਹੈ ਅਤੇ ਇਸ ਨੂੰ ਵੇਚਣ ਅਤੇ ਇਸ ਦੀ ਵਰਤੋਂ ਕਰਨ ਵਾਲੇ ਦੁਕਾਨਦਾਰਾਂ ਦੇ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇਗੀ।ਉਹਨਾਂ ਸਾਰੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਪਾਬੰਦੀ ਸ਼ੁਦਾ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ ਨਾ ਕਰਨ ਅਤੇ ਨਾ ਹੀ ਵੇਚਣ।